**ਸੂਹੀ ਮਹਲਾ ੫ ॥ ਸੰਤ ਪ੍ਰਸਾਦਿ ਨਿਹਚਲੁ ਘਰੁ ਪਾਇਆ ॥ ਸਰਬ ਸੂਖ ਫਿਰਿ ਨਹੀ ਡੋੁਲਾਇਆ ॥੧॥ ਗੁਰੂ ਧਿਆਇ ਹਰਿ ਚਰਨ ਮਨਿ ਚੀਨ੍ਹ੍ਹੇ ॥ ਤਾ ਤੇ ਕਰਤੈ ਅਸਥਿਰੁ ਕੀਨ੍ਹ੍ਹੇ ॥੧॥ ਰਹਾਉ ॥ ਗੁਣ ਗਾਵਤ ਅਚੁਤ ਅਬਿਨਾਸੀ ॥ ਤਾ ਤੇ ਕਾਟੀ ਜਮ ਕੀ ਫਾਸੀ ॥੨॥ ਕਰਿ ਕਿਰਪਾ ਲੀਨੇ ਲੜਿ ਲਾਏ ॥ ਸਦਾ ਅਨਦੁ ਨਾਨਕ ਗੁਣ ਗਾਏ ॥੩॥੩੦॥੩੬॥** {ਪੰਨਾ 744}

ਪਦਅਰਥ:- ਸੰਤ ਪ੍ਰਸਾਦਿ—ਗੁਰੂ ਦੀ ਕਿਰਪਾ ਨਾਲ। ਨਿਹਚਲੁ ਘਰੁ—ਕਦੇ ਨਾਹ ਡੋਲਣ ਵਾਲਾ ਹਿਰਦਾ-ਘਰ। ਡੋੁਲਾਇਆ—{ਅੱਖਰ 'ਡ' ਦੇ ਨਾਲ ਦੋ ਲਗਾਂ ਹਨ— ੋ ਅਤੇ ੁ। ਅਸਲ ਲਫ਼ਜ਼ 'ਡੋਲਾਇਆ' ਹੈ। ਇਥੇ 'ਡੁਲਾਇਆ' ਪੜ੍ਹਨਾ ਹੈ} ਭਟਕਣਾ ਵਿਚ ਪਾ ਸਕਦਾ।1।

ਮਨਿ—ਮਨ ਵਿਚ। ਚੀਨ੍ਹ੍ਹੇ—ਪਛਾਣ ਲਏ। ਤਾ ਤੇ—ਇਸ ਦੇ ਕਾਰਨ। ਕਰਤੈ—ਕਰਤਾਰ ਨੇ। ਅਸਥਿਰੁ—ਅਡੋਲ-ਚਿੱਤ।1। ਰਹਾਉ।

ਅਚੁਤ—{AÁXuq} ਕਦੇ ਨਾਹ ਡਿੱਗਣ ਵਾਲਾ। ਫਾਸੀ—ਫਾਹੀ।2।

ਕਰਿ—ਕਰ ਕੇ। ਲੜਿ—ਲੜ ਨਾਲ, ਪੱਲੇ ਨਾਲ। ਗਾਏ—ਗਾਇ, ਗਾ ਕੇ। ਨਾਨਕ—ਹੇ ਨਾਨਕ!।3।

ਅਰਥ:- ਹੇ ਭਾਈ! (ਜਿਨ੍ਹਾਂ ਮਨੁੱਖਾਂ ਨੇ) ਗੁਰੂ ਦਾ ਧਿਆਨ ਧਰ ਕੇ ਪਰਮਾਤਮਾ ਦੇ ਚਰਨਾਂ ਨੂੰ (ਆਪਣੇ) ਮਨ ਵਿਚ (ਵੱਸਦਾ) ਪਛਾਣ ਲਿਆ, ਇਸ (ਪਰਖ) ਦੀ ਬਰਕਤਿ ਨਾਲ ਕਰਤਾਰ ਨੇ (ਉਹਨਾਂ ਨੂੰ) ਅਡੋਲ-ਚਿੱਤ ਬਣਾ ਦਿੱਤਾ।1। ਰਹਾਉ।

ਹੇ ਭਾਈ! (ਜਿਸ ਨੇ) ਗੁਰੂ ਦੀ ਕਿਰਪਾ ਨਾਲ ਕਦੇ ਨਾਹ ਡੋਲਣ ਵਾਲਾ ਹਿਰਦਾ-ਘਰ ਲੱਭ ਲਿਆ (ਹਿਰਦੇ ਦੀ ਅਡੋਲਤਾ ਪ੍ਰਾਪਤ ਕਰ ਲਈ) ਉਸ ਨੂੰ ਸਾਰੇ ਸੁਖ ਪ੍ਰਾਪਤ ਹੋ ਗਏ, (ਉਹ ਮਨੁੱਖ ਕਦੇ ਵਿਕਾਰਾਂ ਵਿਚ) ਨਹੀਂ ਡੋਲਦਾ।1।

ਹੇ ਭਾਈ! ਅਟੱਲ ਅਬਿਨਾਸੀ ਪ੍ਰਭੂ ਦੇ ਗੁਣ ਗਾਂਦਿਆਂ ਗੁਣ ਗਾਣ ਦੀ ਬਰਕਤਿ ਨਾਲ ਜਮਾਂ ਦੀ ਫਾਹੀ ਕੱਟੀ ਜਾਂਦੀ ਹੈ।2।

ਹੇ ਨਾਨਕ! ਮੇਹਰ ਕਰ ਕੇ ਜਿਨ੍ਹਾਂ ਨੂੰ ਪ੍ਰਭੂ ਆਪਣੇ ਲੜ ਲਾ ਲੈਂਦਾ ਹੈ, ਉਹ ਮਨੁੱਖ ਪ੍ਰਭੂ ਦੇ ਗੁਣ ਗਾ ਕੇ ਸਦਾ ਆਤਮਕ ਆਨੰਦ ਮਾਣਦੇ ਹਨ।3। 30। 36।